# ਦਫਤਰ ਨਗਰ ਨਿਗਮ ਹੁਸ਼ਿਆਰਪੁਰ

## ਪ੍ਰੈਸ ਨੋਟ

## ਜਾਇਦਾਦ ਟੈਕਸ ਨਾ ਦੇਣ ਵਾਲਿਆਂ ਵਿਰੁੱਧ ਜਾਇਦਾਦ ਸੀਲ ਕਰਨ ਸਬੰਧੀ ਹੁਕਮ ਜਾਰੀ ਕੀਤੇ .........ਕਾਰਜ ਸਾਧਕ ਅਫਸਰ ਨਗਰ ਨਿਗਮ

ਹੁਸ਼ਿਆਰਪੁਰ 1 ਮਾਰਚ ਪੰਜਾਬ ਨਗਰ ਨਿਗਮ ਐਕਟ 1976 ਦੀ ਧਾਰਾ 138 (ਸੀ) ਅਧੀਨ ਜਾਇਦਾਦ ਸੀਲ ਕਰਨ ਸਬੰਧੀ 5 ਪ੍ਰਾਪਰਟੀ ਮਾਲਕਾਂ ਦੀ ਪ੍ਰਾਪਰਟੀ ਸੀਲ ਕਰਨ ਸਬੰਧੀ ਨਗਰ ਨਿਗਮ ਦੇ ਸੁਪਰਡੰਟ ਸੁਆਮੀ ਸਿੰਘ ਦੀ ਅਗਵਾਈ ਵਿਚ ਟੀਮ ਗਈ। ਇਹ ਜਾਣਕਾਰੀ ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ ਨੇ ਦਿੰਦਿਆਂ ਦੱਸਿਆ ਕਿ ਕੱਚਾ ਟੋਬਾ ਤੇ ਸਥਿਤ ਦੁਕਾਨਦਾਰ ਨੂੰ ਹਾਊਸ ਟੈਕਸ ਅਤੇ ਪ੍ਰਾਪਰਟੀ ਟੈਕਸ ਜਮਾਂ ਕਰਵਾਉਣ ਸਬੰਧੀ 137 ਅਤੇ 138 (ਸੀ) ਦੇ ਨੋਟਿਸ ਦਿੱਤੇ ਗਏ ਸਨ ਜਿਸ ਦੇ ਬਾਵਜੂਦ ਵੀ ਉਹਨਾਂ ਵਲੋਂ ਬਣਦੀ ਰਕਮ ਜਮਾਂ ਨਾ ਕਰਵਾਉਣ ਤੇ ਅੱਜ ਦੁਕਾਨਾਂ ਨੂੰ ਸੀਲ ਕਰ ਦਿੱਤਾ ਗਿਆ ਹੈ।

ਕਾਰਜ ਸਾਧਕ ਅਫਸਰ ਨਗਰ ਨਿਗਮ ਹੁਸ਼ਿਆਰਪੁਰ ਨੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਪ੍ਰਾਪਰਟੀ ਦੇ ਹਾਊਸ ਟੈਕਸ ਦਾ ਬਕਾਇਆ ਅਤੇ ਸਾਲ 2013-14, 2014-15, 2015-16 ਅਤੇ 2016-17 ਦੀ ਬਣਦੀ ਪ੍ਰਾਪਰਟੀ ਟੈਕਸ ਦੀ ਰਾਸ਼ੀ ਨਗਰ ਨਿਗਮ ਦੇ ਦਫਤਰ ਵਿਖੇ ਤੁਰੰਤ ਜਮਾਂ ਕਰਵਾਉਣ ਇਹ ਰਾਸ਼ੀ ਜਮਾਂ ਨਾ ਕਰਵਾਉਣ ਵਾਲੇ ਜਾਇਦਾਦਾਂ ਦੇ ਮਾਲਕਾਂ ਨੂੰ 112-ਏ ਦੇ ਨੋਟਿਸ ਭੇਜੇ ਜਾ ਰਹੇ ਹਨ ਜਿਸ ਵਿਚ 7 ਦਿਨ ਦਾ ਸਮਾਂ ਦਿੱਤਾ ਜਾਵੇਗਾ ਇਸ ਉਪਰੰਤ 138-ਸੀ ਦੇ ਨੋਟਿਸ ਭੇਜੇ ਜਾਣਗੇ ਜਿਸ ਵਿਚ 7 ਦਿਨ ਦਾ ਸਮਾਂ ਦਿੱਤਾ ਜਾਵੇਗਾ ਇਸ ਸਮੇਂ ਦੌਰਾਨ ਪ੍ਰਾਰਥੀ ਵਲੋਂ ਟੈਕਸ ਨਾ ਜਮਾਂ ਕਰਵਾਉਣ ਦੀ ਸੂਰਤ ਵਿਚ ਜਾਇਦਾਦ ਸੀਲ ਕਰਨ ਸਬੰਧੀ ਲੋੜੀਦੀ ਕਾਰਵਾਈ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਪ੍ਰਾਪਰਟੀ ਟੈਕਸ ਨਾ ਦੇਣ ਵਾਲੇ ਮਾਲਕਾਂ ਦੇ ਖਿਲਾਫ ਪ੍ਰਾਪਰਟੀ ਸੀਲ ਕਰਨ ਦੀ ਮੁਹਿੰਮ ਜਾਰੀ ਰਹੇਗੀ। ਜਾਇਦਾਦਾਂ ਸੀਲ ਕਰਨ ਵਾਲੀ ਟੀਮ ਵਿਚ ਇੰਸਪੈਕਟਰ ਮੁਕਲ ਕੇਸਰ, ਕੇਹਰ ਸਿੰਘ, ਸੰਦੀਪ, ਲੇਖਰਾਜ ਅਤੇ ਗੌਰਵ ਸ਼ਰਮਾ ਵੀ ਸ਼ਾਮਿਲ ਸਨ।